# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :19-04-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਸਰਵਉੱਚ ਅਦਾਲਤ ਵਲੋਂ ਦੇਸ਼ ਭਰ ਵਿੱਚ ਸੜਕ ਸੁਰੱਖਿਆ ਨੂੰ ਵਧਾਉਣ ਲਈ ਦਿਸ਼ਾ-ਨਿਰਦੇਸ਼ ਜਾਰੀ ।
- ਕੇਂਦਰੀ ਮੰਤਰੀ ਮਨੋਹਰ ਲਾਲ ਖੱਟਰ ਨੇ ਕਿਹਾ -ਵਿਰੋਧੀ ਧਿਰ ਨੇ ਸੰਸਦ ਵਿੱਚ ਨਾਰੀ ਸ਼ਕਤੀ ਵੰਦਨ ਸੋਧ ਬਿੱਲ 2026 ਦਾ ਸਮਰਥਨ ਨਾ ਕਰਕੇ, ਦੇਸ਼ ਦੀਆਂ 50 ਫੀਸਦੀ ਔਰਤਾਂ ਨਾਲ ਧੋਖਾ ਕੀਤਾ ਏ ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਬੇਅਦਬੀ ਵਿਰੋਧੀ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਬਿੱਲ-2026 ਨੂੰ ਪ੍ਰਵਾਨਗੀ ਦਿੱਤੀ ।
- ਪੰਜਾਬ ਦੇ ਕੈਬਿਨੇਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ -ਸੂਬੇ ਭਰ ਵਿੱਚ ਕਣਕ ਦੇ ਖ਼ਰੀਦ ਕਾਰਜ ਪੂਰੇ

ਜ਼ੋਰਾਂ 'ਤੇ 24 ਘੰਟਿਆਂ ਦੇ ਅੰਦਰ ਕਿਸਾਨਾਂ ਨੂੰ 647 ਕਰੋੜ ਰੁਪਏ ਦੀ ਅਦਾਇਗੀ ਕੀਤੀ ਗਈ ਏ।

- ਕੇਂਦਰੀ ਸਿਹਤ ਮੰਤਰੀ, ਜਗਤ ਪ੍ਰਕਾਸ਼ ਨੱਡਾ ਨੇ ਅੱਜ ਵਿਸ਼ਵ ਜਿਗਰ ਦਿਹਾੜੇ ਮੌਕੇ, ਨਾਗਰਿਕਾਂ ਨੂੰ ਆਪਣੀ ਸਿਹਤ ਪ੍ਰਤੀ ਜ਼ਿੰਮੇਵਾਰ ਹੋਣ ਦਾ ਸੱਦਾ ਦਿੱਤਾ।
- IPL ਕ੍ਰਿਕੇਟ ਵਿੱਚ ਪੰਜਾਬ ਕਿੰਗਜ਼ ਦਾ ਮੁਕਾਬਲਾ ਚੰਡੀਗੜ੍ਹ ਵਿੱਚ ਸ਼ਾਮੀਂ ਸਾਢੇ 7 ਵਜੇ ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ।

---------------------------------------------------------------------------

ਸਰਵਉੱਚ ਅਦਾਲਤ ਨੇ ਦੇਸ਼ ਭਰ ਵਿੱਚ ਸੜਕ ਸੁਰੱਖਿਆ ਨੂੰ ਵਧਾਉਣ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਨੇ । ਅਦਾਲਤ ਨੇ ਕਿਹਾ ਕਿ ਪ੍ਰਸ਼ਾਸਕੀ ਖਾਮੀਆਂ ਜਾਂ ਬੁਨਿਆਦੀ ਢਾਂਚੇ ਦੀ ਘਾਟ ਕਾਰਨ ਐਕਸ-ਪ੍ਰੈਸਵੇਅ, ਖ਼ਤਰੇ ਦਾ ਲਾਂਘਾ ਨਹੀਂ ਬਣਨਾ ਚਾਹੀਦਾ। ਜਸਟਿਸ ਜੇ.ਕੇ. ਮਹੇਸ਼ਵਰੀ ਅਤੇ ਏ.ਐਸ. ਚੰਦੂਰ-ਕਰ ਦੇ ਬੈਂਚ ਨੇ ਜ਼ਿਕਰ ਕੀਤਾ ਕਿ ਰਾਸ਼ਟਰੀ ਰਾਜਮਾਰਗ ਭਾਰਤ ਦੇ ਕੁੱਲ ਸੜਕੀ ਨੈੱਟਵਰਕ ਦਾ ਸਿਰਫ ਦੋ ਫੀਸਦੀ ਬਣਦੇ ਹਨ, ਪਰ ਸੜਕ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ ਦਾ ਲਗਭਗ 30 ਫੀਸਦੀ ਹਿੱਸਾ ਹਨ। ਅਦਾਲਤ ਨੇ ਕਿਹਾ ਕਿ ਟਾਲੇ ਜਾ ਸਕਣ ਵਾਲੇ ਖਤਰਿਆਂ ਕਾਰਨ ਇੱਕ ਵੀ ਜਾਨ ਦਾ ਨੁਕਸਾਨ ਸੂਬੇ ਦੀ ਅਸਫਲਤਾ ਨੂੰ ਦਰਸਾਉਂਦਾ ਹੈ।

ਅਦਾਲਤ ਨੇ ਹੁਕਮ ਦਿੱਤਾ ਏ ਕਿ ਕੋਈ ਵੀ ਭਾਰੀ ਜਾਂ ਵਪਾਰਕ ਵਾਹਨ ,ਨਿਰਧਾਰਤ ਪਾਰਕਿੰਗ ਸਥਾਨਾਂ ਜਾਂ ਅਧਿਕਾਰਤ ਸੜਕ ਕਿਨਾਰੇ ਸਹੂਲਤਾਂ ਤੋਂ ਬਿਨਾ ਰਾਸ਼ਟਰੀ ਰਾਜਮਾਰਗ ਦੇ ਕੈਰੇਜ-ਵੇਅ ਜਾਂ ਪੱਕੇ ਸ਼ੋਲਡਰ 'ਤੇ ਕਿਤੇ ਵੀ ਪਾਰਕ ਨਹੀਂ ਕੀਤਾ ਜਾਣਾ ਚਾਹੀਦਾ । ਅਦਾਲਤ ਨੇ ਰਾਸ਼ਟਰੀ ਰਾਜਮਾਰਗਾਂ ਦੇ 'ਰਾਈਟ ਓਫ ਵੇ' ਅੰਦਰ ਕਿਸੇ ਵੀ ਨਵੇਂ ਢਾਬੇ, ਖਾਣ-ਪੀਣ ਵਾਲੇ ਸਥਾਨ, ਜਾਂ ਵਪਾਰਕ ਢਾਂਚੇ ਦੇ ਨਿਰਮਾਣ ਜਾਂ ਸੰਚਾਲਨ 'ਤੇ ਵੀ ਤੁਰੰਤ ਪ੍ਰਭਾਵ ਨਾਲ ਪਾਬੰਦੀ ਲਗਾਈ ਏ । ਇੱਕ ਉੱਨਤ ਟ੍ਰੈਫਿਕ ਪ੍ਰਬੰਧਨ ਪ੍ਰਣਾਲੀ ਵਲੋਂ ਲਾਗੂ ਕਰਨਾ ਯਕੀਨੀ ਬਣਾਇਆ ਜਾਵੇਗਾ। ਬੈਂਚ ਨੇ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰਾਲੇ, ਭਾਰਤੀ ਰਾਸ਼ਟਰੀ ਰਾਜਮਾਰਗ ਅਥਾਰਟੀ ਅਤੇ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਰਾਜਮਾਰਗਾਂ 'ਤੇ ਸੁਰੱਖਿਆ ਨੂੰ ਬਿਹਤਰ ਬਣਾਉਣ ਲਈ ਤੁਰੰਤ ਕਦਮ ਚੁੱਕਣ ਦਾ ਨਿਰਦੇਸ਼ ਦਿੱਤਾ।

--------------------------------------------------------------------

ਕੇਂਦਰੀ ਮਕਾਨ ਉਸਾਰੀ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰੀ ਮਨੋਹਰ ਲਾਲ ਖੱਟਰ ਨੇ ਕਿਹਾ ਏ ਕਿ ਵਿਰੋਧੀ ਧਿਰ ਨੇ ਸੰਸਦ ਵਿੱਚ ਨਾਰੀ ਸ਼ਕਤੀ ਵੰਦਨ ਸੋਧ ਬਿੱਲ 2026 ਦਾ ਸਮਰਥਨ ਨਾ ਕਰਕੇ ਦੇਸ਼ ਦੀਆਂ 50 ਫੀਸਦੀ ਔਰਤਾਂ ਨਾਲ ਧੋਖਾ ਕੀਤਾ ਏ ।ਆਮ ਆਦਮੀ ਪਾਰਟੀ ਸਮੇਤ ਕਾਂਗਰਸ ਦੀ ਅਗਵਾਈ ਵਾਲੀ ਵਿਰੋਧੀ ਧਿਰ ਵੱਲੋਂ ਕੀਤੇ

ਗਏ ਇਸ ਵਿਸ਼ਵਾਸਘਾਤ ਨਾਲ, ਬਿੱਲ ਅਗਲੇ ਪੰਜ ਸਾਲਾਂ ਲਈ ਮੁਲਤਵੀ ਹੋ ਗਿਆ ਏ , ਜੋ ਇਸ ਵਾਰ ਤਾਂ ਹੀ ਪਾਸ ਹੋ ਸਕਦਾ ਸੀ ਜੇਕਰ ਵਿਰੋਧੀ ਧਿਰ ਇਸਦਾ ਸਮਰਥਨ ਕਰਦੀ। ਅੱਜ ਜਲੰਧਰ ਵਿੱਚ ਇਸ ਮੁੱਦੇ 'ਤੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੇਂਦਰੀ ਮੰਤਰੀ ਨੇ ਕਿਹਾ ਕਿ BJP ਨੂੰ ਉਮੀਦ ਸੀ ਕਿ ਵਿਰੋਧੀ ਧਿਰ ਬਿੱਲ ਦੇ 131ਵੇਂ ਸੋਧ ਨੂੰ ਪਾਸ ਕਰਨ ਲਈ ਸਮਰਥਨ ਕਰੇਗੀ ਜਿਵੇਂ ਕਿ ਉਸਨੇ 2023 ਵਿੱਚ ਇਸਦਾ ਸਮਰਥਨ ਕੀਤਾ ਸੀ, ਪਰ ਉਨ੍ਹਾਂ ਨੇ ਅਜਿਹਾ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਨੂੰ ਆਉਣ ਵਾਲੀਆਂ ਚੋਣਾਂ ਵਿੱਚ ਨਾਰੀ ਸ਼ਕਤੀ ਵਲੋਂ  ਸੰਸਦ ਅਤੇ ਵਿਧਾਨ ਸਭਾਵਾਂ ਵਿੱਚ ਵੀ ਦੇਸ਼ ਦੀ ਅਗਵਾਈ ਕਰਨ ਦਾ ਮੌਕਾ ਨਾ ਦੇਣ ਦਾ ਨੁਕਸਾਨ ਭੁਗਤਣਾ ਪਵੇਗਾ। BYTE :

ਸਾਲ 2023 ਵਿੱਚ ਬਿੱਲ ਪਾਸ ਹੋਣ ਪਰ ਅਜੇ ਤੱਕ ਲਾਗੂ ਨਾ ਹੋਣ ਬਾਰੇ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ, ਸ਼੍ਰੀ ਖੱਟਰ ਨੇ ਕਿਹਾ ਕਿ  BYTE ਕੇਂਦਰੀ ਮੰਤਰੀ ਖੱਟਰ ਦੇ ਨਾਲ ਉੱਤਰ ਪ੍ਰਦੇਸ਼ ਦੀ ਮੰਤਰੀ ਬੇਬੀ ਰਾਣੀ ਮੌਰੀਆ ਅਤੇ ਹੋਰ ਪੰਜਾਬ BJP ਨੇਤਾ ਵੀ ਮੌਜੂਦ ਰਹੇ । PN

------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਬੇਅਦਬੀ ਵਿਰੋਧੀ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਬਿੱਲ-2026 ਨੂੰ ਪ੍ਰਵਾਨਗੀ ਦੇ ਦਿੱਤੀ ਏ।ਰਾਜਪਾਲ ਦੀ ਮਨਜ਼ੂਰੀ ਮਿਲਣ ਤੋਂ ਬਾਅਦ, ਇਹ ਬਿੱਲ ਹੁਣ ਬਾਕਾਇਦਾ ਲਾਗੂ ਹੋ ਗਿਆ ਏ। ਇਸ ਨਾਲ ਸੂਬਾ, ਇਸ ਬਿੱਲ ਦੇ ਉਪਬੰਧਾਂ ਨੂੰ ਤੁਰੰਤ ਪ੍ਰਭਾਵ ਨਾਲ ਲਾਗੂ ਕਰ ਸਕੇਗਾ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਦਸਤਖਤ ਕੀਤੀ ਫਾਈਲ ਦੀ ਕਾਪੀ ਸਾਂਝੀ ਕਰਕੇ, ਇਸਦੀ ਪੁਸ਼ਟੀ ਕੀਤੀ ਏ Iਇਹ ਬਿੱਲ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਅਤੇ ਬੇਅਦਬੀ ਦੀ ਸਾਜ਼ਿਸ਼ ਨਾਲ ਜੁੜੇ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ, 2008 ਵਿੱਚ ਸੋਧ ਕਰਦਾ ਏ। ਇਸ ਵਿੱਚ 10 ਸਾਲ ਤੋਂ ਲੈ ਕੇ ਉਮਰ ਕੈਦ ਦੀ ਸਜ਼ਾ ਦੇ ਨਾਲ-ਨਾਲ 25 ਲੱਖ ਰੁਪਏ ਤੱਕ ਦੇ ਜੁਰਮਾਨੇ ਦੀ ਵਿਵਸਥਾ ਏ।ਇਸ ਤੋਂ ਪਹਿਲਾਂ, ਇਹ ਬਿੱਲ 13 ਅਪ੍ਰੈਲ ਨੂੰ ਪੰਜਾਬ ਵਿਧਾਨ ਸਭਾ ਵਲੋਂ ਸਰਬਸੰਮਤੀ ਨਾਲ ਪਾਸ ਕੀਤਾ ਗਿਆ ਸੀ। ਓਧਰ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਇਸ ਲਈ ਧੰਨਵਾਦ ਕਰਦਿਆਂ ਕਿਹਾ

BYTE:RNU190426

ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਵੀ ਰਾਜਪਾਲ ਗੁਲਾਬ ਚੰਦ ਕਟਾਰੀਆ ਦਾ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ

ਬਿਲ 2026 ਨੂੰ ਪ੍ਰਵਾਨਗੀ ਦੇਣ ਲਈ ਸ਼ੁਕਰੀਆ ਅਦਾ ਕੀਤਾ । ਉਨ੍ਹਾਂ ਕਿਹਾ ਕਿ ਇਸ ਕਾਨੂੰਨ ਦੇ ਬਣਨ ਤੋਂ ਬਾਅਦ, ਬੇਅਦਬੀ ਦੀਆਂ ਘਟਨਾਵਾਂ ਕਰਨ ਵਾਲਿਆਂ ਨੂੰ ਹੁਣ ਸਖਤ ਸਜਾਵਾਂ ਮਿਲਣਗੀਆਂ। ਉਨ੍ਹਾਂ ਆਸ ਪ੍ਰਗਟਾਈ ਕਿ ਸਾਰੇ ਧਰਮਾਂ ਨਾਲ ਸੰਬੰਧਿਤ ਬੇਅਦਬੀਆਂ ਰੋਕਣ ਲਈ ਜੋ ਕਾਨੂੰਨ ਦਾ ਖਰੜਾ ਚੋਣ ਕਮੇਟੀ ਨੂੰ ਭੇਜਿਆ ਗਿਆ ਏ, ਪੰਜਾਬ ਸਰਕਾਰ ਉਹ ਵੀ ਛੇਤੀ ਵਿਧਾਨ ਸਭਾ ਵਿੱਚ ਲੈ ਕੇ ਆਵੇ ਤਾਂ ਜੋ ਸਾਰੇ ਧਰਮਾਂ ਦੀ ਬੇਅਦਬੀ ਰੋਕਣ ਸਬੰਧੀ ਕਾਨੂੰਨ ਬਣ ਸਕੇ।

-----------------------------------------------------------------

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ, ਜਗਤ ਪ੍ਰਕਾਸ਼ ਨੱਡਾ ਨੇ ਨਾਗਰਿਕਾਂ ਨੂੰ ਆਪਣੀ ਸਿਹਤ ਪ੍ਰਤੀ ਜ਼ਿੰਮੇਵਾਰ ਹੋਣ ਅਤੇ ਸਿਹਤਮੰਦ ਜਿਗਰ ਤੇ ਭਵਿੱਖ ਲਈ ਹਰ ਰੋਜ਼ ਬਿਹਤਰ ਫੈਸਲੇ ਲੈਣ ਦਾ ਸੱਦਾ ਦਿੱਤਾ ਏ। ਵਿਸ਼ਵ ਜਿਗਰ ਦਿਵਸ ਦੇ ਮੌਕੇ 'ਤੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਨੱਡਾ ਨੇ ਕਿਹਾ ਕਿ ਇੱਕ ਸਿਹਤਮੰਦ ਜਿਗਰ, ਇੱਕ ਸਿਹਤਮੰਦ ਜੀਵਨ ਦੀ ਕੁੰਜੀ ਏ। ਉਨ੍ਹਾਂ ਨੇ ਨਾਗਰਿਕਾਂ ਨੂੰ ਮਨੁੱਖੀ ਸ਼ਰੀਰ ਨੂੰ ਸਿਹਤਮੰਦ ਰੱਖਣ ਅਤੇ ਸੁਚਾਰੂ ਢੰਗ ਨਾਲ ਕੰਮ ਕਰਨ ਵਿੱਚ ਜਿਗਰ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਕਿਹਾ ਕਿ ਜਿਗਰ ਨੂੰ ਸਿਹਤਮੰਦ ਰੱਖਣ ਵਿੱਚ, ਪੌਸ਼ਟਿਕ ਭੋਜਨ, ਲੋੜੀਂਦੀ ਮਾਤਰਾ ਵਿੱਚ ਪਾਣੀ ਪੀਣਾ ਅਤੇ ਸਰੀਰਕ ਤੌਰ 'ਤੇ ਕਿਰਿਆਸ਼ੀਲ ਰਹਿਣ ਵਰਗੀਆਂ

ਸਾਧਾਰਨ ਆਦਤਾਂ ਦਾ ਵਿਸ਼ੇਸ਼ ਮਹੱਤਵ ਏ।

-----------------------------------------------------------------

ਦੁਨੀਆ ਭਰ ਵਿੱਚ ਅੱਜ 'ਸਿਹਤਮੰਦ ਆਦਤਾਂ, ਸਿਹਤਮੰਦ ਜਿਗਰ ' ਦੇ ਥੀਮ ਉੱਤੇ ਮਨਾਏ ਜਾ ਰਹੇ ਵਿਸ਼ਵ ਜਿਗਰ ਦਿਵਸ ਮੌਕੇ, 'ਦ ਲੈਂਸੇਟ' ਰਿਪੋਰਟ ਦੀ ਇੱਕ ਚੇਤਾਵਨੀ ਨੇ ਜਿਗਰ ਦੀਆਂ ਬੀਮਾਰੀਆਂ ਵਿੱਚ ਤੇਜ਼ੀ ਨਾਲ ਹੋ ਰਹੇ ਵਿਸ਼ਵ ਪੱਧਰੀ ਵਾਧੇ ਨੂੰ ਉਜਾਗਰ ਕੀਤਾ ਏ । ਰਿਪੋਰਟ ਮੁਤਾਬਕ ਜਿਗਰ ਦੀਆਂ ਬਿਮਾਰੀਆਂ ਦੇ ਮਾਮਲਿਆਂ ਵਿੱਚ 2050 ਤੱਕ ਤੇਜ਼ ਵਾਧਾ ਹੋਣ ਦੀ ਸੰਭਾਵਨਾ ਏ I ਇਸ ਚਿੰਤਾਜਨਕ ਸਥਿਤੀ ਦੇ ਦਰਮਿਆਨ, ਪੰਜਾਬ ਇਸ ਚੁਣੌਤੀ ਦਾ ਡੱਟ ਕੇ ਸਾਹਮਣਾ ਕਰਨ ਲਈ ਅੱਗੇ ਵੱਧ ਰਿਹਾ ਏ । ਪੰਜਾਬ ਵਿੱਚ ਡਾਕਟਰਾਂ ਦੇ ਮੁਤਾਬਕ 'ਹੈਪੇਟਾਈਟਿਸ-ਸੀ' ਇਨਫੈਕਸ਼ਨ, ਸ਼ਰਾਬ ਦੀ ਵਰਤੋਂ ਅਤੇ ਬਦਲ ਰਹੀਆਂ ਖਾਣ-ਪੀਣ ਦੀਆਂ ਆਦਤਾਂ ਦੇ ਕਾਰਨ ਸਥਿਤੀ ਹੋਰ ਗੰਭੀਰ ਹੋ ਰਹੀ ਏ । ਪੰਜਾਬ ਇੰਸਟੀਚਿਊਟ ਆਫ ਲਿਵਰ ਐਂਡ ਬਿਲਿਆਰੀ ਸਾਇੰਸਜ਼ ਦੇ ਡਾਇਰੈਕਟਰ ਡਾ. ਵੀਰੇਂਦਰ ਸਿੰਘ ਨੇ ਕਿਹਾ, ਕਿ ਭਾਰਤ ਵਿੱਚ ਜਿਗਰ ਦੇ ਗੰਭੀਰ ਰੋਗਾਂ ਦੇ ਮੁੱਖ ਕਾਰਨਾਂ ਵਿੱਚ ਸ਼ਰਾਬ ਇੱਕ ਵੱਡਾ ਕਾਰਨ ਏ ਅਤੇ ਇਹ ਵਾਇਰਲ ਹੈਪੇਟਾਈਟਿਸ ਨਾਲ ਮਿਲ ਕੇ ਹਾਲਤ ਨੂੰ ਹੋਰ ਵੀ ਖਰਾਬ ਕਰ ਦਿੰਦੀ ਏ । ਫੈੱਟੀ ਲਿਵਰ ਦੀ ਸਮਸਿਆ ਹੁਣ ਸ਼ਰਾਬ ਅਤੇ ਹੈਪੇਟਾਈਟਿਸ-ਸੀ ਦੇ ਨਾਲ ਇੱਕ ਮੁੱਖ ਕਾਰਨ ਵਜੋਂ

ਉੱਭਰ ਰਹੀ ਏ । ਅਲਟਰਾ-ਪ੍ਰੋਸੈਸਡ ਖਾਣਾ, ਤਲੀਆਂ ਹੋਈਆਂ ਚੀਜ਼ਾਂ ਅਤੇ ਟ੍ਰਾਂਸ- ਫੈਟਸ ਦਾ ਲੰਬੇ ਸਮੇਂ ਤੱਕ ਵਰਤੋਂ ਸਮੱਸਿਆ ਨੂੰ ਵਧਾ ਰਿਹਾ ਏ ।ਡਾਕਟਰ ਇੱਕ ਚਿੰਤਾਜਨਕ ਬਦਲਾਅ ਵੀ ਦੇਖ ਰਹੇ ਹਨ ਕਿ ਘੱਟ ਉਮਰ ਦੇ ਮਰੀਜ਼ਾਂ ਵਿੱਚ ਜਿਗਰ ਦੀਆਂ ਬੀਮਾਰੀਆਂ ਤੇਜ਼ੀ ਨਾਲ ਸਾਹਮਣੇ ਆ ਰਹੀਆਂ ਨੇ ।ਉਨ੍ਹਾਂ ਨੇ ਦੱਸਿਆ," ਪੰਜਾਬ ਨੇ ਆਪਣੀ ਰੈਫਰਲ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਏ , ਜਿਸ ਨਾਲ ਜਿਗਰ ਬੀਮਾਰੀਆਂ ਦੀ ਪਹਿਲਾਂ ਨਾਲੋਂ ਜਲਦੀ ਪਛਾਣ ਹੋ ਰਹੀ ਏ । ਪਿੰਡਾਂ ਵਿੱਚ ਸਕ੍ਰੀਨਿੰਗ ਅਤੇ ਵਿਸ਼ੇਸ਼ਗਿਆ ਸੇਵਾਵਾਂ ਤੱਕ ਪਹੁੰਚ ਵੀ ਸੁਧਰੀ ਏ ।"

---------------------------------------------------------------------

ਪੰਜਾਬ ਦੇ ਖੁਰਾਕ ਤੇ ਸਿਵਲ ਸਪਲਾਈਜ਼ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸੂਬੇ ਭਰ ਵਿੱਚ ਕਣਕ ਦੇ ਖ਼ਰੀਦ ਕਾਰਜ ਪੂਰੇ ਜ਼ੋਰਾਂ ਨਾਲ ਚੱਲ ਰਹੇ ਨੇ ਅਤੇ ਕਿਸਾਨਾਂ ਨੂੰ ਖ਼ਰੀਦ ਦੇ 24 ਘੰਟਿਆਂ ਦੇ ਅੰਦਰ ਅਦਾਇਗੀ ਪ੍ਰਾਪਤ ਹੋ ਰਹੀ ਏ । ਜਲੰਧੇ ਦੀ ਭੋਗਪੁਰ ਦੀ ਦਾਣਾ ਮੰਡੀ ਵਿਖੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਕੈਬਨਿਟ ਮੰਤਰੀ ਨੇ ਚੱਲ ਰਹੀ ਖ਼ਰੀਦ ਦਾ ਨਿਰੀਖਣ ਕੀਤਾ ਅਤੇ ਕਿਸਾਨਾਂ ਨਾਲ ਗੱਲਬਾਤ ਕੀਤੀ।

ਉਨ੍ਹਾਂ ਦੱਸਿਆ ਕਿ ਹੁਣ ਤੱਕ, ਸਾਰੇ ਖ਼ਰੀਦ ਕੇਂਦਰਾਂ 'ਤੇ 28 ਲੱਖ ਮੀਟ੍ਰਿਕ ਟਨ ਤੋਂ ਵੱਧ ਕਣਕ ਦੀ ਆਮਦ ਹੋਈ ਏ , ਜਿਸ ਵਿੱਚੋਂ 24 ਲੱਖ ਮੀਟ੍ਰਿਕ ਟਨ 2 ਹਜ਼ਾਰ 585 ਰੁਪਏ ਪ੍ਰਤੀ ਕੁਇੰਟਲ ਦੇ ਘੱਟੋ-ਘੱਟ ਸਮਰਥਨ ਮੁੱਲ

'ਤੇ ਖ਼ਰੀਦ ਕੀਤੀ ਗਈ ਏ। ਸ਼੍ਰੀ ਕਟਾਰੂਚੱਕ ਨੇ ਦੱਸਿਆ ਕਿ ਕਿਸਾਨਾਂ ਦੇ ਖਾਤਿਆਂ ਵਿੱਚ ਪਹਿਲਾਂ ਹੀ 647 ਕਰੋੜ ਰੁਪਏ ਪਾਏ ਜਾ ਚੁੱਕੇ ਨੇ ਜਿਸ ਦੌਰਾਨ ਖ਼ਰੀਦ ਦੇ 24 ਘੰਟਿਆਂ ਦੇ ਅੰਦਰ ਅਦਾਇਗੀ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੀਜ਼ਨ ਦੌਰਾਨ ਲਗਭਗ ਕਰੋੜਾਂ ਬੋਰੀਆਂ ਦੀ ਸੰਭਾਲ ਦੇ ਮੱਦੇਨਜ਼ਰ ਮਜ਼ਦੂਰੀ ਪਹਿਲਾਂ ਹੀ 10 ਫੀਸਦੀ ਵਧਾ ਦਿੱਤੀ ਗਈ ਏ।

-----------------------------------------------------------------------

ਪੰਜਾਬ ਸਰਕਾਰ ਨੇ ਸੂਬੇ ਦੀਆਂ ਵਿਧਵਾ ਅਤੇ ਬੇਆਸਰਾ ਔਰਤਾਂ ਦੀ ਆਰਥਿਕ ਸੁਰੱਖਿਆ ਅਤੇ ਆਤਮ-ਸਨਮਾਨ ਨੂੰ ਮਜ਼ਬੂਤ ਕਰਨ ਲਈ ਵਿੱਤੀ ਸਾਲ 2026-27 ਦੇ ਮਹੀਨਾ ਮਾਰਚ ਲਈ 102 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਏ। ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਵਿੱਤੀ ਸਹਾਇਤਾ ਹਜ਼ਾਰਾਂ ਔਰਤਾਂ ਲਈ ਸਹਾਰਾ ਬਣ ਰਹੀ ਏ , ਜਿਸ ਨਾਲ ਉਹ ਆਪਣੀਆਂ ਰੋਜ਼ਾਨਾ ਦੀਆਂ ਜ਼ਰੂਰਤਾਂ ਪੂਰੀਆਂ ਕਰਦੀਆਂ ਹੋਈਆਂ ਆਤਮ-ਵਿਸ਼ਵਾਸ ਨਾਲ ਜੀਵਨ ਬਤੀਤ ਕਰ ਸਕਦੀਆਂ ਹਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਵੇਲੇ ਸੂਬੇ ਦੀਆਂ 6, ਲਖ ਤੋਂ ਵੱਧ ਵਿਧਵਾ ਅਤੇ ਬੇਆਸਰਾ ਔਰਤਾਂ ਨੂੰ ਇਸ ਸਕੀਮ ਦਾ ਲਾਭ ਦਿੱਤਾ ਜਾ ਰਿਹਾ ਏ। ਡਾ. ਬਲਜੀਤ ਕੌਰ ਨੇ ਹੋਰ ਦੱਸਿਆ ਕਿ ਵਿੱਤੀ ਸਾਲ 2026-

27 ਦੌਰਾਨ ਯੋਗ ਲਾਭਪਾਤਰੀਆਂ ਨੂੰ ਨਿਰਵਿਘਨ ਪੈਨਸ਼ਨ ਜਾਰੀ ਰਹੇ। ਇਸ ਲਈ ਪੰਜਾਬ ਸਰਕਾਰ ਵੱਲੋਂ 1200 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਦਾ ਬਜਟ ਉਪਬੰਧ ਕੀਤਾ ਗਿਆ ਏ ।

-----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਕਸ਼ੈ ਤ੍ਰਿ-ਤੀਆ ਦੇ ਮੌਕੇ 'ਤੇ ਨਾਗਰਿਕਾਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਤਿਉਹਾਰ ਲੋਕਾਂ ਨੂੰ ਨੇਕ ਕੰਮਾਂ, ਦਾਨ ਅਤੇ ਸੇਵਾ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਦਾ ਏ। ਸ਼੍ਰੀ ਮੋਦੀ ਨੇ ਕਾਮਨਾ ਕੀਤੀ ਕਿ ਇਹ ਤਿਉਹਾਰ, ਸਾਰਿਆਂ ਦੇ ਜੀਵਨ ਵਿੱਚ ਸੁੱਖ, ਖੁਸ਼ਹਾਲੀ ਅਤੇ ਬਿਹਤਰ ਸਿਹਤ ਲਿਆਵੇ। ਪ੍ਰਧਾਨ ਮੰਤਰੀ ਨੇ ਪਰਸ਼ੂਰਾਮ ਜਯੰਤੀ ਦੇ ਮੌਕੇ 'ਤੇ ਵੀ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ। ਸ਼੍ਰੀ ਮੋਦੀ ਨੇ ਕਿਹਾ ਕਿ ਭਗਵਾਨ ਪਰਸ਼ੂਰਾਮ, ਨਾਗਰਿਕਾਂ ਨੂੰ ਅਨਿਆਂ ਵਿਰੁੱਧ ਦ੍ਰਿੜ ਰਹਿਣ ਅਤੇ ਸੱਚ ਦੇ ਮਾਰਗ 'ਤੇ ਚਲਣ ਲਈ ਪ੍ਰੇਰਿਤ ਕਰਦੇ ਨੇ। ਪ੍ਰਧਾਨ ਮੰਤਰੀ ਨੇ ਕਾਮਨਾ ਕੀਤੀ ਕਿ ਬੇਮਿਸਾਲ ਬਹਾਦਰੀ ਅਤੇ ਗਿਆਨ ਦੇ ਪ੍ਰਤੀਕ, ਭਗਵਾਨ ਪਰਸ਼ੂਰਾਮ ਦੀ ਕਿਰਪਾ, ਹਰੇਕ ਨੂੰ ਨਵੀਂ ਊਰਜਾ ਅਤੇ ਆਤਮ-ਵਿਸ਼ਵਾਸ ਨਾਲ ਭਰ ਦੇਵੇ।

-----------------------------------------------------------------

ਪੰਜਾਬ ਚ ਵੱਖ ਵੱਖ ਜ਼ਿਲਿਆਂ ਵਿਚ ਵੀ ਅੱਜ ਭਗਵਾਨ ਸ੍ਰੀ ਪਰਸ਼ੂਰਾਮ ਜੀ ਦੀ ਜੈਅੰਤੀ ਮਨਾਈ ਗਈ I ਤਰਨਤਾਰਨ ਚ ਭਗਵਾਨ ਪਰਸ਼ੂਰਾਮ ਬ੍ਰਾਹਮਣ ਸਭਾ ਵੱਲੋਂ ਸ੍ਰੀ ਸ਼ਨੀ ਧਾਮ ਮੰਦਰ ਵਿਖੇ ਇਸ ਮੌਕੇ ਸ੍ਰੀ ਸੁੰਦਰ ਕਾਂਡ ਜੀ ਦਾ ਪਾਠ ਕੀਤਾ ਗਿਆ ਅਤੇ ਜੋਤੀ ਨਾਮ ਦੀਵਾਨੀ ਸੰਕੀਰਤਨ ਮੰਡਲ ਸਹਿਤ ਵੱਖ-ਵੱਖ ਭਜਨ ਮੰਡਲੀਆਂ ਵੱਲੋਂ ਭਗਵਾਨ ਸ੍ਰੀ ਪਰਸ਼ੂਰਾਮ ਜੀ ਦਾ ਗੁਣਗਾਨ ਕੀਤਾ ਗਿਆ।

--------------------------------------------------------------------

ਉਤਰਾਖੰਡ ਵਿੱਚ ਸਾਲਾਨਾ ਚਾਰਧਾਮ ਯਾਤਰਾ ਯਮੁਨੋਤਰੀ ਅਤੇ ਗੰਗੋਤਰੀ ਮੰਦਰਾਂ ਦੇ ਕਪਾਟ ਖੋਲ੍ਹਣ ਨਾਲ ਅੱਜ ਸ਼ੁਰੂ ਹੋਈ। ਗੰਗੋਤਰੀ ਮੰਦਰ ਦੇ ਅੰਦਰ ਦੇਵੀ ਗੰਗਾ ਦੀ ਮੂਰਤੀ ਅਤੇ ਯਮੁਨੋਤਰੀ ਮੰਦਰ ਵਿੱਚ ਦੇਵੀ ਯਮੁਨਾ ਦੀ ਮੂਰਤੀ ਪੂਰੀਆਂ ਰਸਮਾਂ ਨਾਲ ਸਥਾਪਿਤ ਕੀਤੀ ਗਈ। ਮੰਦਰਾਂ ਨੂੰ ਫੁੱਲਾਂ ਨਾਲ ਸੁੰਦਰ ਢੰਗ ਨਾਲ ਸਜਾਇਆ ਗਿਆ ਏ ਅਤੇ ਵਿਆਪਕ ਸੁਰੱਖਿਆ ਪ੍ਰਬੰਧ ਕੀਤੇ ਗਏ ਨੇ । ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਕਿਹਾ ਕਿ ਰਾਜ ਸਰਕਾਰ ਨੇ ਸੁਰੱਖਿਅਤ, ਵਿਵਸਥਿਤ ਅਤੇ ਸ਼ਰਧਾਲੂ-ਅਨੁਕੂਲ ਚਾਰਧਾਮ ਯਾਤਰਾ ਨੂੰ ਯਕੀਨੀ ਬਣਾਉਣ ਲਈ ਵਿਆਪਕ ਪ੍ਰਬੰਧ ਕੀਤੇ ਹਨ।

--------------------------------------------------------------------

ਖਾਲਸਾ ਸਾਜਣਾ ਦਿਵਸ ਮੌਕੇ ਵਿਸਾਖੀ ਦਾ ਦਿਹਾੜਾ ਮਨਾਉਣ ਲਈ ਪਾਕਿਸਤਾਨ ਗਿਆ ਸਿੱਖ ਸਰਧਾਲੂਆਂ ਦਾ ਜਥਾ ਅੱਜ ਅਟਾਰੀ ਵਾਹਗਾ ਸਰਹੱਦ ਰਾਹੀ ਵਤਨ ਪਰਤਿਆ I ਸਰਧਾਲੂਆਂ ਨੇ ਕਿਹਾ ਕਿ ਉਹਨਾਂ ਨੂੰ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨ ਕਰਕੇ ਖੁਸ਼ੀ ਹੋਈ ਏ ਸ਼ਰਧਾਲੂਆਂ ਨੇ ਸਰਕਾਰਾਂ ਧੰਨਵਾਦ ਕੀਤਾ ।

---------------------------------------------------------------------

ਫਤਿਹਗੜ੍ਹ ਸਾਹਿਬ ਦੇ ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ ਅਰਵਿੰਦ ਪਾਲ ਸਿੰਘ ਨੇ ਵੱਧ ਰਹੀ ਗਰਮੀ ਦੇ ਮੱਦੇਨਜ਼ਰ ਸਿਹਤ ਵਿਭਾਗ ਵੱਲੋਂ ਜਾਰੀ ਕੀਤੀ ਸਲਾਹ ਸਬੰਧੀ ਕਿਹਾ ਕਿ ਅੱਤ ਦੀ ਗਰਮੀ ਮਨੁੱਖੀ ਸਿਹਤ ਲਈ ਘਾਤਕ ਹੋ ਸਕਦੀ ਏ ਪਰ ਕੁਝ ਸਾਵਧਾਨੀਆਂ ਵਰਤ ਕੇ ਗਰਮੀ ਅਤੇ ਇਸ ਤੋਂ ਹੋਣ ਵਾਲੇ ਉਲਟ ਪ੍ਰਭਾਵਾਂ ਤੋਂ ਬਚਿਆ ਜਾ ਸਕਦਾ ਏ । ਉਹਨਾਂ ਕਿਹਾ ਕਿ ਵਧੇਰੇ ਤਾਪਮਾਨ ਸਰੀਰ ਦੀ ਤਾਪਮਾਨ ਨਿਯਮ ਪ੍ਰਣਾਲੀ ਨੂੰ ਵਿਗਾੜ ਦਿੰਦਾ ਏ ਅਤੇ ਗਰਮੀ ਨਾਲ ਸੰਬਧਿਤ ਮੁਸ਼ਕਿਲਾਂ ਪੈਦਾ ਹੋਣ ਦਾ ਕਾਰਨ ਬਣਦਾ ਏ । ਸਿਵਲ ਸਿਵਲ ਸਰਜਨ ਨੇ ਕਿਹਾ ਕਿ ਨਵ ਜਨਮੇ ਬੱਚੇ ,ਛੋਟੇ ਬੱਚੇ, ਗਰਭਵਤੀ ਔਰਤਾਂ, 65 ਸਾਲ ਜਾਂ ਇਸ ਤੋਂ ਵਧੇਰੇ ਉਮਰ ਦੇ ਲੋਕਾਂ, ਮਜ਼ਦੂਰਾਂ, ਮੋਟਾਪੇ ਨਾਲ ਪੀੜਤ ਲੋਕਾਂ, ਮਾਨਸਿਕ ਤੌਰ ਤੇ ਬਿਮਾਰ ਲੋਕਾਂ ,ਦਿਲ ਦੀਆਂ

ਬਿਮਾਰੀਆਂ ਤੋਂ ਪੀੜਤ ਮਰੀਜਾਂ ਆਦਿ ਨੂੰ ਵਧੇਰੇ ਤਾਪਮਾਨ ਤੋਂ ਬਚਣਾ ਚਾਹੀਦਾ ਏ। ਉਹਨਾਂ ਕਿਹਾ ਕਿ ਗਰਮੀ ਤੋਂ ਬਚਣ ਲਈ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਦੀ ਧੁੱਪ ਵਿੱਚ ਘਰ ਤੋਂ ਬਾਹਰ ਨਾ ਨਿਕਲਿਆ ਜਾਵੇ। ਉਹਨਾਂ ਦੱਸਿਆ ਕਿ ਜਰੂਰਤ ਪੈਣ ਤੇ ਮੁਫਤ ਐਂਬੂਲੈਂਸ ਸੇਵਾ ਲਈ ਮੁਫਤ ਟੋਲ ਫਰੀ ਨੰਬਰ 108 ਅਤੇ 104 ਤੇ ਫੋਨ ਕੀਤਾ ਜਾ ਸਕਦਾ ਏ।

---------------------------------------------------------------------

12ਵੀਂ ਪੰਜਾਬ ਰਾਜ ਗੱਤਕਾ ਚੈਂਪੀਅਨਸ਼ਿਪ-2026 'ਚ ਬਿਹਤਰ ਪ੍ਰਦਰਸ਼ਨ ਕਰਦਿਆਂ ਰੂਪਨਗਰ ਜਿਲ੍ਹੇ ਦੇ ਖਿਡਾਰੀਆਂ ਨੇ ਓਵਰਆਲ ਚੈਂਪੀਅਨਸ਼ਿਪ ਜਿੱਤੀ। ਰੂਪਨਗਰ ਨੇੜਲੇ ਪਿੰਡ ਲੌਦੀ-ਮਾਜਰਾ ਵਿਖੇ ਸਮਾਪਤ ਹੋਏ ਸਲਾਨਾ ਟੂਰਨਾਮੈਂਟ ਵਿੱਚੋਂ ਗੁਰਦਾਸਪੁਰ ਦੀ ਟੀਮ ਨੇ ਦੂਜਾ ਜਦਕਿ ਫ਼ਤਹਿਗੜ੍ਹ ਸਾਹਿਬ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਟੂਰਨਾਮੈਂਟ ਦੌਰਾਨ ਬਿਹਤਰੀਨ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ । ਇਸ ਮੌਕੇ ਰੂਪਨਗਰ ਦੇ ਵਿਧਾਇਕ ਦਿਨੇਸ਼ ਚੱਢਾ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦੇ ਹੋਏ ਗੱਤਕਾ ਐਸੋਸੀਏਸ਼ਨ ਜਿਲ੍ਹਾ ਰੂਪਨਗਰ ਵੱਲੋਂ ਜਾਰੀ ਉਪਰਾਲਿਆਂ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਜਿਲਾ ਰੂਪਨਗਰ ਖਾਲਸੇ ਦੀ ਜਨਮ ਭੂਮੀ ਹੋਣ ਕਾਰਨ ਵਿਰਾਸਤੀ ਖੇਡ ਗੱਤਕੇ ਨੂੰ ਪ੍ਰਫੁੱਲਤ ਕਰਨ ਲਈ ਇਸ ਜਿਲ੍ਹੇ ਦੇ

ਵਾਸੀਆਂ ਦੀ ਵਿਸ਼ੇਸ਼ ਜ਼ਿੰਮੇਵਾਰੀ ਬਣਦੀ ਏ । ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ ਗੱਤਕਾ ਖਿਡਾਰੀਆਂ ਲਈ ਵਧੀਆ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਇਸ ਖੇਡ ਨੂੰ ਅੱਗੇ ਵਧਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਇਸ ਦੌਰਾਨ ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ ਦੇ ਪ੍ਰਧਾਨ ਹਰਜੀਤ ਸਿੰਘ ਗਰੇਵਾਲ ਐਡਵੋਕੇਟ ਨੇ ਟੀਮਾਂ ਦੇ ਖਿਡਾਰੀਆਂ, ਰੈਫਰੀਆਂ ਅਤੇ ਕੋਚਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਾਂਝੀ ਮੇਹਨਤ ਸਦਕਾ ਗੱਤਕਾ ਖੇਡ ਲਗਾਤਾਰ ਤਰੱਕੀ ਦੇ ਰਾਹ ਤੇ ਏ ।

--------------------------------------------------------------------------

IPL ਕ੍ਰਿਕੇਟ ਵਿੱਚ, ਪੰਜਾਬ ਕਿੰਗਜ਼ ਦਾ ਮੁਕਾਬਲਾ ਚੰਡੀਗੜ੍ਹ ਵਿੱਚ ਸ਼ਾਮੀਂ ਸਾਢੇ 7 ਵਜੇ ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ।

--------------------------------------------------------------------------

- ਸਰਵਉੱਚ ਅਦਾਲਤ ਵਲੋਂ ਦੇਸ਼ ਭਰ ਵਿੱਚ ਸੜਕ ਸੁਰੱਖਿਆ ਨੂੰ ਵਧਾਉਣ ਲਈ ਦਿਸ਼ਾ-ਨਿਰਦੇਸ਼ ਜਾਰੀ ।
- ਕੇਂਦਰੀ ਮੰਤਰੀ ਮਨੋਹਰ ਲਾਲ ਖੱਟਰ ਨੇ ਕਿਹਾ -ਵਿਰੋਧੀ ਧਿਰ ਨੇ ਸੰਸਦ ਵਿੱਚ ਨਾਰੀ ਸ਼ਕਤੀ ਵੰਦਨ ਸੋਧ ਬਿੱਲ 2026 ਦਾ ਸਮਰਥਨ ਨਾ ਕਰਕੇ, ਦੇਸ਼ ਦੀਆਂ 50 ਫੀਸਦੀ ਔਰਤਾਂ ਨਾਲ ਧੋਖਾ ਕੀਤਾ ਏ ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਬੇਅਦਬੀ ਵਿਰੋਧੀ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਬਿੱਲ-2026 ਨੂੰ ਪ੍ਰਵਾਨਗੀ ਦਿੱਤੀ।
- ਪੰਜਾਬ ਦੇ ਕੈਬਿਨੇਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ -ਸੂਬੇ ਭਰ ਵਿੱਚ ਕਣਕ ਦੇ ਖ਼ਰੀਦ ਕਾਰਜ ਪੂਰੇ ਜ਼ੋਰਾਂ 'ਤੇ 24 ਘੰਟਿਆਂ ਦੇ ਅੰਦਰ ਕਿਸਾਨਾਂ ਨੂੰ 647 ਕਰੋੜ ਰੁਪਏ ਦੀ ਅਦਾਇਗੀ ਕੀਤੀ ਗਈ ਏ।
- ਕੇਂਦਰੀ ਸਿਹਤ ਮੰਤਰੀ, ਜਗਤ ਪ੍ਰਕਾਸ਼ ਨੱਡਾ ਨੇ ਅੱਜ ਵਿਸ਼ਵ ਜਿਗਰ ਦਿਹਾੜੇ ਮੌਕੇ, ਨਾਗਰਿਕਾਂ ਨੂੰ ਆਪਣੀ ਸਿਹਤ ਪ੍ਰਤੀ ਜ਼ਿੰਮੇਵਾਰ ਹੋਣ ਦਾ ਸੱਦਾ ਦਿੱਤਾ।
- IPL ਕ੍ਰਿਕੇਟ ਵਿੱਚ ਪੰਜਾਬ ਕਿੰਗਜ਼ ਦਾ ਮੁਕਾਬਲਾ ਚੰਡੀਗੜ੍ਹ ਵਿੱਚ ਸ਼ਾਮੀਂ ਸਾਢੇ 7 ਵਜੇ ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ।

***ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ***

***ਨਮਸਕਾਰ !***